**ਪ੍ਰਭਾਤੀ ਮਹਲਾ ੧ ॥ ਦਿਸਟਿ ਬਿਕਾਰੀ ਬੰਧਨਿ ਬਾਂਧੈ ਹਉ ਤਿਸ ਕੈ ਬਲਿ ਜਾਈ ॥ ਪਾਪ ਪੁੰਨ ਕੀ ਸਾਰ ਨ ਜਾਣੈ ਭੂਲਾ ਫਿਰੈ ਅਜਾਈ ॥ ੧॥ ਬੋਲਹੁ ਸਚੁ ਨਾਮੁ ਕਰਤਾਰ ॥ ਫੁਨਿ ਬਹੁੜਿ ਨ ਆਵਣ ਵਾਰ ॥੧॥ ਰਹਾਉ ॥ ਊਚਾ ਤੇ ਫੁਨਿ ਨੀਚੁ ਕਰਤੁ ਹੈ ਨੀਚ ਕਰੈ ਸੁਲਤਾਨੁ ॥ ਜਿਨੀ ਜਾਣੁ ਸੁਜਾਣਿਆ ਜਗਿ ਤੇ ਪੂਰੇ ਪਰਵਾਣੁ ॥੨॥ ਤਾ ਕਉ ਸਮਝਾਵਣ ਜਾਈਐ ਜੇ ਕੋ ਭੂਲਾ ਹੋਈ ॥ ਆਪੇ ਖੇਲ ਕਰੇ ਸਭ ਕਰਤਾ ਐਸਾ ਬੂਝੈ ਕੋਈ ॥ ੩॥ ਨਾਉ ਪ੍ਰਭਾਤੈ ਸਬਦਿ ਧਿਆਈਐ ਛੋਡਹੁ ਦੁਨੀ ਪਰੀਤਾ ॥ ਪ੍ਰਣਵਤਿ ਨਾਨਕ ਦਾਸਨਿ ਦਾਸਾ ਜਗਿ ਹਾਰਿਆ ਤਿਨਿ ਜੀਤਾ ॥੪॥੯॥** {ਪੰਨਾ 1329}

ਪਦ ਅਰਥ:- ਦਿਸਟਿ—ਦ੍ਰਿਸ਼ਟੀ, ਨਿਗਾਹ, ਨਜ਼ਰ, ਸੁਰਤਿ। ਬਿਕਾਰੀ—ਵਿਕਾਰਾਂ ਵਲ। ਬੰਧਨਿ—ਬੰਧਨ ਨਾਲ, ਜਕੜ ਨਾਲ, ਰੱਸੀ ਨਾਲ। ਹਉ—ਮੈਂ। ਤਿਸ ਕੈ—ਉਸ ਬੰਦੇ ਤੋਂ। ਬਲਿ ਜਾਇ—ਮੈਂ ਕੁਰਬਾਨ ਜਾਂਦਾ ਹਾਂ। ਸਾਰ—ਅਸਲੀਅਤ। ਅਜਾਈ—ਵਿਅਰਥ।1।

ਸਚੁ—ਸਦਾ ਕਾਇਮ ਰਹਿਣ ਵਾਲਾ। ਫੁਨਿ—ਮੁੜ। ਬਹੁੜਿ—ਮੁੜ। ਆਵਣ ਵਾਰ—ਆਉਣ ਦੀ ਵਾਰੀ, ਜਨਮ ਲੈਣ ਦੀ ਵਾਰੀ।1। ਰਹਾਉ।

ਸੁਲਤਾਨੁ—ਬਾਦਸ਼ਾਹ। ਜਾਣੁ—ਜਾਣਨਹਾਰ ਪ੍ਰਭੂ ਨੂੰ। ਜਗਿ—ਜਗਤ ਵਿਚ।2।

ਤਾ ਕਉ—ਉਸ ਬੰਦੇ ਨੂੰ। ਕੋ—ਕੋਈ। ਕਰਤਾ—ਕਰਤਾਰ।3।

ਸਬਦਿ—ਗੁਰੂ ਦੇ ਸ਼ਬਦ ਵਿਚ (ਜੁੜ ਕੇ)। ਦੁਨੀ ਪਰੀਤਾ—ਦੁਨੀਆ ਦੀ ਪ੍ਰੀਤ, ਮਾਇਆ ਦਾ ਮੋਹ। ਤਿਨਿ—ਉਸ ਮਨੁੱਖ ਨੇ।4।

ਅਰਥ:- (ਹੇ ਭਾਈ!) ਕਰਤਾਰ ਦਾ ਸਦਾ ਕਾਇਮ ਰਹਿਣ ਵਾਲਾ ਨਾਮ (ਸਦਾ) ਸਿਮਰੋ। (ਨਾਮ ਸਿਮਰਨ ਦੀ ਬਰਕਤਿ ਨਾਲ ਜਗਤ ਵਿਚ) ਮੁੜ ਮੁੜ ਜਨਮ ਲੈਣ ਦੀ ਵਾਰੀ ਨਹੀਂ ਆਵੇਗੀ।1। ਰਹਾਉ।

ਮੈਂ ਉਸ ਬੰਦੇ ਤੋਂ ਕੁਰਬਾਨ ਜਾਂਦਾ ਹਾਂ ਜੇਹੜਾ (ਆਪਣੀ) ਵਿਕਾਰਾਂ ਵਲ ਜਾਂਦੀ ਸੁਰਤਿ ਨੂੰ (ਹਰਿ-ਨਾਮ ਸਿਮਰਨ ਦੀ) ਡੋਰੀ ਲਾਲ ਬੰਨ੍ਹ ਰੱਖਦਾ ਹੈ। (ਪਰ ਜੇਹੜਾ ਮਨੁੱਖ ਸਿਮਰਨ ਤੋਂ ਖੁੰਝ ਕੇ) ਭਲੇ ਬੁਰੇ ਕੰਮ ਦੇ ਭੇਤ ਨੂੰ ਨਹੀਂ ਸਮਝਦਾ, ਉਹ (ਜੀਵਨ ਦੇ ਸਹੀ ਰਸਤੇ ਤੋਂ) ਖੁੰਝਿਆ ਫਿਰਦਾ ਹੈ ਤੇ (ਜੀਵਨ) ਵਿਅਰਥ ਗਵਾਂਦਾ ਹੈ।1।

(ਹੇ ਭਾਈ! ਉਸ ਕਰਤਾਰ ਦਾ ਨਾਮ ਸਦਾ ਸਿਮਰੋ) ਜੋ ਉੱਚਿਆਂ ਤੋਂ ਨੀਵੇਂ ਕਰ ਦੇਂਦਾ ਹੈ ਤੇ ਨੀਵਿਆਂ (ਗਰੀਬਾਂ) ਨੂੰ ਬਾਦਸ਼ਾਹ ਬਣਾ ਦੇਂਦਾ ਹੈ। ਜਿਨ੍ਹਾਂ ਬੰਦਿਆਂ ਨੇ ਉਸ (ਘਟ ਘਟ ਦੀ) ਜਾਣਨ ਵਾਲੇ ਪਰਮਾਤਮਾ ਨੂੰ ਚੰਗੀ ਤਰ੍ਹਾਂ ਜਾਣ ਲਿਆ ਹੈ (ਭਾਵ, ਉਸ ਨਾਲ ਡੂੰਘੀ ਸਾਂਝ ਪਾ ਲਈ ਹੈ) ਜਗਤ ਵਿਚ ਆਏ ਉਹੀ ਬੰਦੇ ਸਫਲ ਹਨ ਤੇ ਕਬੂਲ ਹਨ।2।

(ਪਰ ਜੀਵਾਂ ਦੇ ਕੀਹ ਵੱਸ?) ਉਸੇ ਜੀਵ ਨੂੰ ਮਤਿ ਦੇਣ ਦਾ ਜਤਨ ਕੀਤਾ ਜਾ ਸਕਦਾ ਹੈ ਜੇਹੜਾ (ਆਪ) ਕੁਰਾਹੇ ਪਿਆ ਹੋਵੇ, (ਇਥੇ ਤਾਂ ਰਾਹੇ ਪੈਣ ਜਾਂ ਕੁਰਾਹੇ ਪੈਣ ਵਾਲਾ) ਸਾਰਾ ਹੀ ਤਮਾਸ਼ਾ ਕਰਤਾਰ ਆਪ ਹੀ ਕਰ ਰਿਹਾ ਹੈ—ਇਹ ਭੇਤ ਭੀ ਕੋਈ ਵਿਰਲਾ ਬੰਦਾ ਹੀ ਸਮਝਦਾ ਹੈ। (ਤੇ ਉਹ ਰਜ਼ਾ ਦੇ ਮਾਲਕ ਕਰਤਾਰ ਦਾ ਨਾਮ ਸਿਮਰਦਾ ਹੈ)।3।

(ਹੇ ਭਾਈ!) ਅੰਮ੍ਰਿਤ ਵੇਲੇ ਹੀ (ਉੱਠ ਕੇ) ਗੁਰੂ ਦੇ ਸ਼ਬਦ ਵਿਚ ਜੁੜ ਕੇ ਕਰਤਾਰ ਦਾ ਨਾਮ ਸਿਮਰਨਾ ਚਾਹੀਦਾ ਹੈ, (ਹੇ ਭਾਈ!) ਮਾਇਆ ਦਾ ਮੋਹ ਤਿਆਗੋ (ਇਹ ਮੋਹ ਹੀ ਕਰਤਾਰ ਦੀ ਯਾਦ ਭੁਲਾਂਦਾ ਹੈ)। ਕਰਤਾਰ ਦੇ ਸੇਵਕਾਂ ਦਾ ਸੇਵਕ ਨਾਨਕ ਬੇਨਤੀ ਕਰਦਾ ਹੈ ਕਿ ਜੇਹੜਾ ਬੰਦਾ (ਮਾਇਆ ਦਾ ਮੋਹ ਤਿਆਗ ਕੇ) ਜਗਤ ਵਿਚ ਨਿਮ੍ਰਤਾ ਨਾਲ ਜ਼ਿੰਦਗੀ ਗੁਜ਼ਾਰਦਾ ਹੈ, ਉਸੇ ਨੇ ਹੀ (ਜੀਵਨ ਦੀ ਬਾਜ਼ੀ) ਜਿੱਤੀ ਹੈ।4।9।